### ਸੂਚਨਾ

ਸਮੂਹ ਪਾਠਕਾਂ, ਏਜੰਟ ਸਾਹਿਬਾਨ ਅਤੇ ਇਸ਼ਤਿਹਾਰੀ ਏਜੰਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰੋਜ਼ਾਨਾ 'ਆਜ਼ਾਦ ਸੋਚ' ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਲੋਂ ਕੋਰਟ ਨੋਟਿਸਾਂ ਨੂੰ ਪ੍ਰਕਾਸ਼ਿਤ ਕਰਨ ਲਈ ਪੰਜਾਬ ਦੇ ਨਾਲ ਨਾਲ ਹੁਣ ਹਰਿਆਣਾ ਸੂਬੇ ਦੀਆਂ ਅਦਾਲਤਾਂ ਲਈ ਵੀ ਮਾਨਤਾ ਪ੍ਰਾਪਤ ਹੋ ਚੁੱਕਿਆ ਹੈ। ਹਰਿਆਣਾ ਸੂਬੇ ਦੀਆਂ ਅਦਾਲਤਾਂ ਵਿਚੋਂ ਜਾਰੀ ਕੋਰਟ ਨੋਟਿਸ ਪ੍ਰਕਾਸ਼ਿਤ ਕਰਵਾਉਣ ਲਈ ਸਾਡੇ ਹੇਠ ਲਿਖੇ ਪ੍ਰਤੀਨਿੱਧ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

**ਰਾਕੇਸ਼ ਗੋਇਲ (ਇਸ਼ਤਿਹਾਰ ਮੈਨੇਜਰ)**
**ਮੋ: 86995-69067**

ਹਰ ਖ਼ਬਰ ਤੱਕ ਪਹੁੰਚ, ਪੜ੍ਹੋ ਰੋਜ਼ਾਨਾ ਆਜ਼ਾਦ ਸੋਚ

# ਆਜ਼ਾਦ ਸੋਚ ™

www.facebook.com/Azadsoch
www.youtube.com/AzadSoch

ਸੰਗਰੂਰ ਤੋਂ ਪ੍ਰਕਾਸ਼ਿਤ

Postal No. PB/PTA/ (055) 2023-25
R.N.I N O. 61549/92
Website :
www.azadsoch.in
Mail Us at :
azadsoach92@gmail.com
(ਕੇਵਲ ਖ਼ਬਰਾਂ ਲਈ)
azadsochadvt@gmail.com
(ਕੇਵਲ ਇਸ਼ਤਿਹਾਰਾਂ ਲਈ)

ਸਾਲ (Year) 34 | ਅੰਕ (Vol. ) 21 | ਮੁੱਲ (Rate ) 2.00 ਰੁਪਏ | Tuesday 21 January, 2025 | ਮੰਗਲਵਾਰ 21 ਜਨਵਰੀ, 2025

ਮੁੱਖ ਸੰਪਾਦਕ : ਸੁਰਿੰਦਰ ਕੁਮਾਰ 93566-05100, ਅਨਿਲ ਕੁਮਾਰ ਗਰਗ : 9317755000 ਡਾਕ ਪਤਾ : ਸਾਹਮਣੇ ਸਰਕਾਰੀ ਹਾਈ ਸਕੂਲ ਪਟਿਆਲਾ ਕੈਂਟ, ਨੇੜੇ 24 ਨੰ: ਫਾਟਕ ,ਧਾਮੋਂ ਮਾਜਰਾ ਰੋਡ ਪਟਿਆਲਾ


## ਚੰਡੀਗੜ੍ਹ ਦੇ ਮੇਅਰ ਦੀ 24 ਜਨਵਰੀ ਨੂੰ ਹੋਣ ਵਾਲੀ ਚੋਣ ਰੱਦ

ਚੰਡੀਗੜ੍ਹ, 20 ਜਨਵਰੀ (ਪ.ਪ.):ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ 24 ਜਨਵਰੀ ਨੂੰ ਚੰਡੀਗੜ੍ਹ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀਆਂ ਚੋਣਾਂ ਕਰਵਾਉਣ ਲਈ ਪ੍ਰਸ਼ਾਸਨ ਵੱਲੋਂ ਜਾਰੀ ਨੋਟੀਫਿਕੇਸ਼ਨ ਰੱਦ ਕਰ ਦਿੱਤਾ ਹੈ। ਹਾਈ ਕੋਰਟ ਨੇ ਚੋਣਾਂ 29 ਜਨਵਰੀ ਤੋਂ ਬਾਅਦ ਕਰਵਾਉਣ ਦੇ ਹੁਕਮ ਦਿੱਤੇ ਹਨ। ਇਹੀ ਨਹੀਂ ਹਾਈ ਕੋਰਟ ਨੇ ਚੰਡੀਗੜ੍ਹ ਦੇ ਪ੍ਰਸ਼ਾਸਕ ਨੂੰ ਹੱਥ ਖੜ੍ਹੇ ਕਰਕੇ ਚੋਣਾਂ ਕਰਵਾਉਣ ਦੇ ਮਾਮਲੇ ਦੀ ਪੜਚੋਲ ਕਰਨ ਦੇ ਹੁਕਮ ਵੀ ਦਿੱਤੇ ਹਨ। ਉਧਰ ਹਾਈ ਕੋਰਟ ਦੇ ਫੈਸਲੇ ਤੋਂ ਪਹਿਲਾਂ ਕੌਂਸਲਰ ਹਰਪ੍ਰੀਤ ਬਬਲਾ ਨੂੰ ਭਾਜਪਾ ਵੱਲੋਂ ਮੇਅਰ ਦੇ ਉਮੀਦਵਾਰ ਵਜੋਂ ਨਾਮਜ਼ਦ ਕੀਤਾ ਗਿਆ ਹੈ। ਬਿਮਲਾ ਦੂਬੇ ਸੀਨੀਅਰ ਡਿਪਟੀ ਮੇਅਰ ਦੇ ਅਹੁਦੇ ਲਈ ਉਮੀਦਵਾਰ ਹਨ ਅਤੇ ਲਖਬੀਰ ਸਿੰਘ ਬਿੱਲੂ ਡਿਪਟੀ ਮੇਅਰ ਦੇ ਅਹੁਦੇ ਲਈ ਉਮੀਦਵਾਰ ਹਨ। ਭਾਜਪਾ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਉਮੀਦਵਾਰਾਂ ਨੇ ਆਪਣੀਆਂ ਨਾਮਜ਼ਦਗੀਆਂ ਦਾਖਲ ਕੀਤੀਆਂ ਹਨ। ਦੂਜੇ ਪਾਸੇ, ਕਾਂਗਰਸ ਨੇ ਸੀਨੀਅਰ ਡਿਪਟੀ ਮੇਅਰ ਲਈ ਜਸਬੀਰ ਬੰਟੀ ਅਤੇ ਡਿਪਟੀ ਮੇਅਰ ਲਈ ਤਰੁਣਾ ਮਹਿਤਾ ਦਾ ਨਾਮ ਫਾਈਨਲ ਕਰ ਲਿਆ ਹੈ। ਆਮ ਆਦਮੀ ਪਾਰਟੀ ਜਲਦੀ ਹੀ ਮੇਅਰ ਦੇ ਅਹੁਦੇ ਲਈ ਨਾਮ ਦਾ ਐਲਾਨ ਕਰੇਗੀ। 'ਇੰਡੀਆ' ਗਠਜੋੜ ਤਹਿਤ ਮੇਅਰ ਦਾ ਉਮੀਦਵਾਰ ਆਮ ਆਦਮੀ ਪਾਰਟੀ ਤੋਂ ਹੋਵੇਗਾ ਅਤੇ ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਕਾਂਗਰਸ ਪਾਰਟੀ ਵੱਲੋਂ ਮੈਦਾਨ ਵਿੱਚ ਉਤਾਰੇ ਜਾਣਗੇ।




## ਕੇਂਦਰ ਰਾਜੋਆਣਾ ਦੀ ਰਹਿਮ ਦੀ ਅਪੀਲ 'ਤੇ 18 ਮਾਰਚ ਤੱਕ ਲਵੇ ਫੈਸਲਾ : ਸੁਪਰੀਮ ਕੋਰਟ



**ਆਜ਼ਾਦ ਸੋਚ ਬਿਊਰੋ**
**ਨਵੀਂ ਦਿੱਲੀ , 20 ਜਨਵਰੀ**

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਕੇਂਦਰ ਸਰਕਾਰ ਨੂੰ ਮੌਤ ਦੀ ਸਜ਼ਾ ਦੇ ਦੋਸ਼ੀ ਬਲਵੰਤ ਸਿੰਘ ਰਾਜੋਆਣਾ ਦੀ ਰਹਿਮ ਦੀ ਅਪੀਲ 'ਤੇ 18 ਮਾਰਚ ਤੱਕ ਫੈਸਲਾ ਲੈਣ ਲਈ ਕਿਹਾ ਹੈ। ਰਾਜੋਆਣਾ ਨੂੰ 1995 ਵਿੱਚ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਕੇਸ ਵਿੱਚ ਫਾਂਸੀ ਦੀ ਸਜ਼ਾ ਸੁਣਾਈ ਗਈ ਹੈ।

ਜਸਟਿਸ ਬੀਆਰ ਗਵਈ ਦੀ ਅਗਵਾਈ ਵਾਲੇ ਬੈਂਚ ਨੇ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਨੂੰ ਕਿਹਾ, 'ਅਸੀਂ ਤੁਹਾਨੂੰ ਆਖਰੀ ਮੌਕਾ ਦੇ ਕੇ ਸਮਾਂ ਦੇ ਰਹੇ ਹਾਂ। ਜਾਂ ਤਾਂ ਤੁਸੀਂ ਕੋਈ ਫੈਸਲਾ ਲਓ ਜਾਂ ਅਸੀਂ ਯੋਗਤਾ ਦੇ ਆਧਾਰ 'ਤੇ ਸੁਣਵਾਈ ਕਰਾਂਗੇ।

ਬੈਂਚ ਵਿੱਚ ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਅਤੇ ਜਸਟਿਸ ਕੇਵੀ ਵਿਸ਼ਵਨਾਥਨ ਵੀ ਸ਼ਾਮਲ ਹਨ। ਬੈਂਚ ਰਾਜੋਆਣਾ ਦੀ ਉਸ ਪਟੀਸ਼ਨ 'ਤੇ ਸੁਣਵਾਈ ਕਰ ਰਿਹਾ ਸੀ, ਜਿਸ ਨੇ ਰਹਿਮ ਦੀ ਅਪੀਲ ਦੇ ਨਿਪਟਾਰੇ ਵਿਚ ਬੇਲੋੜੀ ਦੇਰੀ ਦੇ ਆਧਾਰ 'ਤੇ ਮੌਤ ਦੀ ਸਜ਼ਾ ਨੂੰ ਉਮਰ ਕੈਦ ਵਿਚ ਬਦਲਣ ਦੀ ਮੰਗ ਕੀਤੀ ਹੈ। ਸੁਣਵਾਈ ਦੀ ਸ਼ੁਰੂਆਤ 'ਚ ਮਹਿਤਾ ਨੇ ਮਾਮਲੇ ਦੀ ਸੰਵੇਦਨਸ਼ੀਲਤਾ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਰਹਿਮ ਦੀ ਪਟੀਸ਼ਨ 'ਤੇ ਵਿਚਾਰ ਚੱਲ ਰਿਹਾ ਹੈ। ਉਸ ਨੇ ਬੈਂਚ ਨੂੰ ਛੇ ਹਫ਼ਤਿਆਂ ਦਾ ਸਮਾਂ ਦੇਣ ਦੀ ਬੇਨਤੀ ਕੀਤੀ। ਜਦੋਂ ਕਿ ਰਾਜੋਆਣਾ ਦੇ ਵਕੀਲ ਨੇ ਬੈਂਚ ਅੱਗੇ ਦਲੀਲ ਦਿੱਤੀ ਕਿ ਉਨ੍ਹਾਂ ਦਾ ਮੁਵੱਕਿਲ ਕਰੀਬ 29 ਸਾਲਾਂ ਤੋਂ ਜੇਲ੍ਹ ਵਿੱਚ ਹੈ।

## ਡੋਨਲਡ ਟਰੰਪ ਦੇ ਹਲਫ਼ਦਾਰੀ ਸਮਾਗਮ ਦੀ ਰਸਮ ਸ਼ੁਰੂ, ਬਾਇਡਨ ਵੱਲੋਂ ਵਾਹਾਈਟ ਹਾਊਸ ਵਿਚ ਟਰੰਪ ਜੋੜੇ ਦਾ ਸਵਾਗਤ

ਵਾਸ਼ਿੰਗਟਨ, 20 ਜਨਵਰੀ (ਪ.ਪ.):ਡੋਨਲਡ ਟਰੰਪ ਜਲਦੀ ਹੀ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਹਲਫ਼ ਲੈਣਗੇ। ਟਰੰਪ ਦਾ ਹਲਫ਼ਦਾਰੀ ਸਮਾਗਮ, ਜਿਹੜਾ ਪਹਿਲਾਂ ਬਾਹਰ ਹੋਣਾ ਸੀ ਹੁਣ ਅਤਿ ਦੀ ਠੰਢ ਕਰਕੇ ਇਨਡੋਰ ਹੋਵੇਗਾ। ਮਨੋਨੀਤ ਰਾਸ਼ਟਰਪਤੀ ਟਰੰਪ ਵੱਲੋਂ ਅੱਜ ਸੇਂਟ ਜੌਹਨ ਐਪੀਸਕੋਪਲ ਗਿਰਜਾਘਰ ਵਿਚ ਕੀਤੀ ਸੇਵਾ ਨਾਲ ਉਨ੍ਹਾਂ ਦੇ ਹਲਫ਼ਦਾਰੀ ਸਮਾਗਮ ਦਾ ਆਗਾਜ਼ ਹੋ ਗਿਆ। ਅਮਰੀਕਾ ਦੇ ਮਨੋਨੀਤ ਰਾਸ਼ਟਰਪਤੀ ਨੂੰ ਅਹੁਦੇ ਦਾ ਹਲਫ਼ ਲੈਣ ਤੋਂ ਪਹਿਲਾਂ ਇਸ ਗਿਰਜਾਘਰ ਵਿਚ ਸਰਵਿਸ ਕਰਨੀ ਪੈਂਦੀ ਹੈ। ਵਹਾਈਟ ਹਾਊਸ ਪੁੱਜਣ ਉੱਤੇ ਬਾਇਡਨ ਤੇ ਪ੍ਰਥਮ ਮਹਿਲਾ ਜਿਲ ਬਾਇਡਨ ਨੇ ਟਰੰਪ ਦੰਪਤੀ ਦਾ ਰੈੱਡ ਕਾਰਪੇਟ ਸਵਾਗਤ ਕੀਤਾ। ਇਸ ਨਿੱਜੀ ਮੁਲਾਕਾਤ ਤੋਂ ਪਹਿਲਾਂ ਰਾਸ਼ਟਰਪਤੀ ਬਾਇਡਨ ਤੇ ਮਨੋਨੀਤ ਰਾਸ਼ਟਰਪਤੀ ਡੋਨਲਡ ਟਰੰਪ ਨੇ ਤਸਵੀਰਾਂ ਖਿਚਵਾਈਆਂ। ਟਰੰਪ ਜਿਵੇਂ ਹੀ ਕਾਰ 'ਚੋਂ ਬਾਹਰ ਨਿਕਲੇ ਤਾਂ ਬਾਇਡਨ ਨੇ ਉਨ੍ਹਾਂ ਨੂੰ ਕਿਹਾ, "ਘਰ ਵਿਚ ਤੁਹਾਡਾ ਸਵਾਗਤ ਹੈ।" ਅੱਜ ਦੇ ਹਲਫ਼ਦਾਰੀ ਸਮਾਗਮ ਵਿਚ ਪਿਛਲੇ ਟਰੰਪ ਪ੍ਰਸ਼ਾਸਨ ਦੇ ਕੁਝ ਅਧਿਕਾਰੀ ਵੀ ਸ਼ਾਮਲ ਹੋਣਗੇ, ਜਿਨ੍ਹਾਂ ਵਿਚ ਅਰਕਾਨਸਸ ਦੇ ਗਵਰਨਰ ਸਾਰ੍ਹਾ ਹਕਾਬੀ ਸੈਂਡਰਜ਼, ਕੈਲੀਏਨ ਕੌਨਵੇਅ, ਟੈਕਸਸ ਤੋਂ ਰਿਪਬਲਿਕਨ ਰੌਨੀ ਜੈਕਸਨ ਵੀ ਸ਼ਾਮਲ ਹਨ। ਜੈਕਸਨ ਵਹਾਈਟ ਹਾਊਸ ਵਿਚ ਟਰੰਪ ਦੇ ਡਾਕਟਰ ਸਨ।



## ਗਣਤੰਤਰ ਦਿਵਸ ਦੇ ਮੱਦੇਨਜ਼ਰ ਡੀਜੀਪੀ ਪੰਜਾਬ ਵੱਲੋਂ ਸੂਬੇ ਭਰ 'ਚ ਸੁਰੱਖਿਆ ਵਿੱਚ ਵਾਧਾ ਕਰਨ ਅਤੇ ਰਾਤ ਸਮੇਂ ਪੁਲਿਸ ਦੀ ਗਸ਼ਤ ਵਿੱਚ ਤੇਜ਼ੀ ਲਿਆਉਣ ਦੇ ਹੁਕਮ

**• ਵਿਦੇਸ਼ਾਂ ਤੋਂ ਲੋੜੀਂਦੇ ਅਪਰਾਧੀਆਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਉਣ 'ਤੇ ਦਿੱਤਾ ਜਾਵੇ ਜ਼ੋਰ : ਡੀਜੀਪੀ ਗੌਰਵ ਯਾਦਵ ਨੇ ਸੀਪੀ/ਐਸਐਸਪੀ ਨੂੰ ਦਿੱਤੇ ਨਿਰਦੇਸ਼ • ਡੀਜੀਪੀ ਪੰਜਾਬ ਨੇ ਸਪੈਸ਼ਲ ਡੀਜੀਪੀ ਅੰਦਰੂਨੀ ਸੁਰੱਖਿਆ, ਏਡੀਜੀਪੀ ਏਐਨਟੀਐਫ ਅਤੇ ਏਡੀਜੀਪੀ ਏਜੀਟੀਐਫ ਦੇ ਨਾਲ ਅੰਮ੍ਰਿਤਸਰ ਅਤੇ ਜਲੰਧਰ ਪਹੁੰਚ ਕੇ ਕਾਨੂੰਨ ਤੇ ਵਿਵਸਥਾ ਸਮੀਖਿਆ ਮੀਟਿੰਗ ਦੀ ਕੀਤੀ ਪ੍ਰਧਾਨਗੀ**

**ਆਜ਼ਾਦ ਸੋਚ**
**ਤਰੁਣ ਮਹਿਰਾ**
**ਅੰਮ੍ਰਿਤਸਰ, 20 ਜਨਵਰੀ:**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹੁਕਮ ਅਨੁਸਾਰ ਆਉਣ ਵਾਲੇ ਗਣਤੰਤਰ ਦਿਵਸ-2025 ਦੇ ਸ਼ਾਂਤੀਪੂਰਨ ਜਸ਼ਨਾਂ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਸੋਮਵਾਰ ਨੂੰ ਸੂਬੇ ਭਰ ਵਿੱਚ ਸੁਰੱਖਿਆ ਵਧਾਉਣ,ਪੁਲਿਸ ਦੀ ਮੌਜੂਦਗੀ ਦਰਸਾਉਣ, ਰਾਤ ਦੇ ਸਮੇਂ ਪੁਲਿਸ ਦੀ ਗਸ਼ਤ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਜਾਰੀ ਕੀਤੇ ਹਨ।

ਡੀਜੀਪੀ ਨੇ ਵਿਸ਼ੇਸ਼ ਡੀਜੀਪੀ ਅੰਦਰੂਨੀ ਸੁਰੱਖਿਆ ਆਰ.ਐਨ. ਢੋਕੇ, ਏਡੀਜੀਪੀ ਐਂਟੀ-ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਨੀਲਾਭ ਕਿਸ਼ੋਰ ਅਤੇ ਏਡੀਜੀਪੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪ੍ਰਮੋਦ ਬਾਨ ਦੇ ਨਾਲ ਅੰਮ੍ਰਿਤਸਰ ਅਤੇ ਜਲੰਧਰ ਪਹੁੰਚ ਕੇ ਕਮਿਸ਼ਨਰੇਟ - ਅੰਮ੍ਰਿਤਸਰ ਅਤੇ ਜਲੰਧਰ, ਅਤੇ ਪੁਲਿਸ ਰੇਂਜ - ਸਰਹੱਦ, ਜਲੰਧਰ ਅਤੇ ਲੁਧਿਆਣਾ ਦੇ ਅਧਿਕਾਰੀਆਂ ਨਾਲ ਕਾਨੂੰਨ ਅਤੇ ਵਿਵਸਥਾ ਸਮੀਖਿਆ ਮੀਟਿੰਗਾਂ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਨੇ ਚੱਲ ਰਹੇ ਅੱਤਵਾਦ ਵਿਰੋਧੀ ਕਾਰਜਾਂ, ਨਸ਼ਾ ਤਸਕਰੀ ਵਿਰੁੱਧ ਕਾਰਵਾਈ ਅਤੇ ਸੰਗਠਿਤ ਅਪਰਾਧ ਵਿਰੁੱਧ ਕਾਰਵਾਈ ਦੀ ਵੀ ਸਮੀਖਿਆ ਕੀਤੀ।

ਡੀਜੀਪੀ ਗੌਰਵ ਯਾਦਵ ਨੇ ਕਿਹਾ, "ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਹੈ ਅਤੇ ਗਣਤੰਤਰ ਦਿਵਸ ਦੇ ਜਸ਼ਨਾਂ ਤੋਂ ਪਹਿਲਾਂ ਸਾਰੀਆਂ ਮਹੱਤਵਪੂਰਨ ਥਾਵਾਂ 'ਤੇ ਪੁਲਿਸ ਦੀ ਮੌਜੂਦਗੀ ਨੂੰ ਯਕੀਨੀ ਬਣਾ ਕੇ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ, ਡੋਮੀਨੇਸ਼ਨ ਆਪ੍ਰੇਸ਼ਨਾਂ ਨੂੰ ਤੇਜ਼ ਕਰਨ ਅਤੇ ਹੋਰ ਰੋਕਥਾਮ ਅਤੇ ਜਾਸੂਸੀ ਉਪਾਵਾਂ ਲਈ ਢੁਕਵੇਂ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਗਏ ਹਨ।"



ਉਨ੍ਹਾਂ ਕਿਹਾ ਕਿ ਵਧੀ ਹੋਈ ਸੁਰੱਖਿਆ ਦੇ ਹਿੱਸੇ ਵਜੋਂ, ਪੁਲਿਸ ਕਰਮੀ ਨਿਯਮਤ ਗਸ਼ਤ ਅਤੇ ਜਾਂਚ ਕਰਨਗੇ ਤਾਂ ਜੋ , ਖਾਸ ਕਰਕੇ ਰਾਤ ਨੂੰ, ਕਿਸੇ ਵੀ ਸੰਭਾਵੀ ਖਤਰੇ ਜਾਂ ਰੁਕਾਵਟ ਨੂੰ ਠੱਲਿ ?ਹਆ ਜਾ ਸਕੇ। ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਨਾਈਟ ਡੋਮੀਨੇਸ਼ਨ ਆਪ੍ਰੇਸ਼ਨਾਂ ਵਿੱਚ ਸਰਹੱਦੀ ਜ਼ਿਲਿ ?ਹਆਂ ਸਮੇਤ ਸੰਵੇਦਨਸ਼ੀਲ ਖੇਤਰਾਂ ਵਿੱਚ ਵਾਧੂ ਪੁਲਿਸ ਬਲਾਂ ਦੀ ਤਾਇਨਾਤੀ ਵੀ ਸ਼ਾਮਲ ਹੋਵੇਗੀ।

ਉਨ੍ਹਾਂ ਕਿਹਾ ਕਿ ਸਾਰੇ ਸੀਪੀ/ਐਸਐਸਪੀ ਨੂੰ ਸ਼ੱਕੀ ਗਤੀਵਿਧੀਆਂ ਅਤੇ ਵਿਅਕਤੀਆਂ 'ਤੇ ਤਿੱਖੀ ਨਜ਼ਰ ਰੱਖਣ ਅਤੇ ਕਿਸੇ ਵੀ ਸੁਰੱਖਿਆ ਦੀ ਉਲੰਘਣਾ ਦੀ ਸੂਰਤ ਵਿੱਚ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ," ਮੈਂ ਸਾਰੇ ਅਧਿਕਾਰੀਆਂ ਨੂੰ ਹੁਕਮ ਦਿੱਤਾ ਹੈ ਕਿ ਉਹ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ ਦੇਣ ਅਤੇ ਜੇਕਰ ਕੋਈ ਵਿਅਕਤੀ ਕਿਸੇ ਵੀ ਹਿੰਸਕ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਜਾਂਦਾ ਹੈ ਤਾਂ ਉਸ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇ ਅਤੇ ਤੁਰੰਤ ਐਫਆਈਆਰ ਦਰਜ ਕੀਤੀ ਜਾਵੇ।"

ਡੀਜੀਪੀ ਨੇ ਸੀਪੀਜ਼/ਐਸਐਸਪੀਜ਼ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਪੈਂਦੇ ਪੁਲਿਸ ਨਾਕਿਆਂ ਨੂੰ ਮਜ਼ਬੂਤ ਕਰਨ ਅਤੇ ਹਰੇਕ ਨਾਕੇ 'ਤੇ ਵੱਧ ਤੋਂ ਵੱਧ ਵਾਹਨਾਂ ਦੀ ਜਾਂਚ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ, ਜਿਸ ਨਾਲ ਅੱਤਵਾਦੀ ਅਤੇ ਅਪਰਾਧਿਕ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਵਿੱਚ ਮਦਦ ਮਿਲੇਗੀ।

ਉਨ੍ਹਾਂ ਪੁਲਿਸ ਅਧਿਕਾਰੀਆਂ ਨੂੰ ਵਿਦੇਸ਼ਾਂ ਤੋਂ ਲੋੜੀਂਦੇ ਅਪਰਾਧੀਆਂ ਨੂੰ ਨਿਆਂ ਦਾ ਸਾਹਮਣਾ ਕਰਨ ਲਈ ਵਾਪਸ ਲਿਆਉਣ ਲਈ ਲੁੱਕ ਆਊਟ ਸਰਕੂਲਰ (ਐਲਓਸੀ), ਰੈੱਡ ਕਾਰਨਰ ਨੋਟਿਸ (ਆਰਸੀਐਨ), ਓਪਨ ਗ੍ਰਿਫਤਾਰੀ ਵਾਰੰਟ, ਬਲਿਊ ਕਾਰਨਰ ਨੋਟਿਸ (ਬੀਸੀਐਨ) ਅਤੇ ਹਵਾਲਗੀ ਪ੍ਰਸਤਾਵ ਜਾਰੀ ਕਰਨ 'ਤੇ ਵੀ ਜ਼ੋਰ ਦਿੱਤਾ।

ਇਸ ਮੌਕੇ ਆਈਜੀਪੀ ਲੁਧਿਆਣਾ ਰੇਂਜ ਧਨਪ੍ਰੀਤ ਕੌਰ, ਸੀਪੀ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ, ਸੀਪੀ ਜਲੰਧਰ ਸਵਪਨ ਸ਼ਰਮਾ, ਡੀਆਈਜੀ ਬਾਰਡਰ ਰੇਂਜ ਸਤਿੰਦਰ ਸਿੰਘ, ਡੀਆਈਜੀ ਜਲੰਧਰ ਰੇਂਜ ਨਵੀਨ ਸਿੰਗਲਾ, ਐਸਐਸਪੀ ਅੰਮ੍ਰਿਤਸਰ ਦਿਹਾਤੀ ਚਰਨਜੀਤ ਸਿੰਘ, ਐਸਐਸਪੀ ਗੁਰਦਾਸਪੁਰ ਹਰੀਸ਼ ਦਿਆਮਾ, ਐਸਐਸਪੀ ਬਟਾਲਾ ਸੁਹੇਲ ਕਾਸਿਮ ਮੀਰ, ਐਸਐਸਪੀ ਜਲੰਧਰ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ, ਐਸਐਸਪੀ ਕਪੂਰਥਲਾ ਗੌਰਵ ਤੂਰਾ, ਐਸਐਸਪੀ ਹੁਸ਼ਿਆਰਪੁਰ ਸੁਰਿੰਦਰ ਲਾਂਬਾ, ਐਸਐਸਪੀ ਐਸ.ਬੀ.ਐਸ. ਨਗਰ ਮਹਿਤਾਬ ਸਿੰਘ, ਐਸਐਸਪੀ ਖੰਨਾ ਅਸ਼ਵਨੀ ਗੋਟਿਆਲ ਅਤੇ ਐਸਐਸਪੀ ਖੰਨਾ ਨਵਨੀਤ ਸਿੰਘ ਬੈਂਸ ਸਮੇਤ ਹੋਰ ਅਧਿਕਾਰੀ/ਕਰਮਚਾਰੀ ਮੀਟਿੰਗ ਵਿੱਚ ਹਾਜ਼ਰ ਸਨ।

## 'ਸੰਗੀਤ' ਸੱਭਿਆਚਾਰਾਂ ਅਤੇ ਸੱਭਿਅਤਾਵਾਂ ਨੂੰ ਅੱਗੇ ਤੋਰਦਾ ਹੈ : ਗੁਲਾਬ ਚੰਦ ਕਟਾਰੀਆ

### ਸੈਰ-ਸਪਾਟਾ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੁਨੀਆ ਨੂੰ ਪੰਜਾਬ ਦੀ ਸ਼ਾਨਾਮੱਤੀ ਵਿਰਾਸਤ ਮਾਨਣ ਦਾ ਦਿੱਤਾ ਸੱਦਾ

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 20 ਜਨਵਰੀ**

ਪੰਜਾਬ ਰਾਜ ਭਵਨ ਵਿਖੇ ਅੱਜ ਮਨਮੋਹਕ ਅਤੇ ਰੂਹਾਨੀ ਸੰਗੀਤਕ ਸ਼ਾਮ ਕਰਵਾਈ ਗਈ, ਜਿਸ ਨਾਲ ਪੂਰਾ ਰਾਜ ਭਵਨ ਪੰਜਾਬ ਅਤੇ ਕਜ਼ਾਕਿਸਤਾਨ ਦੇ ਸੱਭਿਆਚਾਰਕ ਅਤੇ ਸੰਗੀਤਕ ਮਾਹੌਲ ਨਾਲ ਗੂੰਜ ਉੱਠਿਆ ।

ਇਸ ਨੂੰ ਪੰਜਾਬ ਰਾਜ ਭਵਨ ਲਈ ਇੱਕ ਸੁਭਾਗਾ ਮੌਕਾ ਦੱਸਦਿਆਂ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ, ਪੰਜਾਬ ਵੱਲੋਂ ਉਲੀਕੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਕੀਤੇ ਗਏ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ।

ਕਜ਼ਾਕਿਸਤਾਨ ਦੇ ਕਲਾਕਾਰਾਂ ਦਾ ਦਿਲੋਂ ਸਵਾਗਤ ਕਰਦੇ ਹੋਏ, ਰਾਜਪਾਲ ਨੇ ਕਿਹਾ ਕਿ ਸੰਗੀਤ ਹਮੇਸ਼ਾ ਰੂਹ ਨੂੰ ਖੁਸ਼ੀ ਦਿੰਦਾ ਹੈ ਅਤੇ ਇਹ ਭਾਸ਼ਾ ਦੀਆਂ ਰੁਕਾਵਟਾਂ ਨੂੰ ਉਲੰਘ ਕੇ ਸੱਭਿਆਚਾਰ ਅਤੇ ਸਭਿਅਤਾਵਾਂ ਨੂੰ ਅੱਗੇ ਤੋਰਨ ਦਾ ਇੱਕ ਵਧੀਆ ਜ਼ਰੀਆ ਹੈ ।

ਰਾਜਪਾਲ ਨੇ ਅੱਗੇ ਕਿਹਾ ਕਿ ਇਸ ਦਿਲਕਸ਼ ਸ਼ਾਮ ਨੇ ਪੰਜਾਬ ਅਤੇ ਕਜ਼ਾਕਿਸਤਾਨ ਵਿਚਕਾਰ ਸੱਭਿਆਚਾਰਕ ਸਬੰਧਾਂ ਨੂੰ ਮਜ਼ਬੂਤ ਕੀਤਾ ਹੈ ।

ਪੰਜਾਬ ਨੂੰ ਇੱਕ ਯੋਧਿਆਂ ਦੀ ਧਰਤੀ ਦੱਸਦਿਆਂ ਜਿੱਥੇ ਲਾਸਾਨੀ ਕੁਰਬਾਨੀਆਂ ਦਿੱਤੀਆਂ ਗਈਆਂ ਹਨ, ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਪੰਜਾਬ ਨੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਮਹਾਨ ਸੱਭਿਆਚਾਰਕ ਵਿਰਾਸਤ ਦਿੱਤੀ ਹੈ।

ਪੰਜਾਬ ਵੱਲੋਂ ਕੌਮਾਂਤਰੀ ਮਿੱਤਰਤਾ ਅਤੇ ਸੱਭਿਆਚਾਰਕ ਅਦਾਨ-ਪ੍ਰਦਾਨ ਨੂੰ ਹੁਲਾਰਾ ਦੇਣ ਲਈ ਕਰਵਾਏ ਅਹਿਮ ਸਮਾਗਮ ਦੌਰਾਨ ਕਜ਼ਾਕਿਸਤਾਨ ਤੋਂ ਆਈ ਸੱਭਿਆਚਾਰਕ ਮੰਡਲੀ ਦਾ ਭਰਵਾਂ ਸਵਾਗਤ ਕੀਤਾ ਗਿਆ। ਇਹ ਸਮਾਗਮ ਪੰਜਾਬ ਦੀਆਂ ਸੈਰ-ਸਪਾਟਾ ਸਮਰੱਥਾਵਾਂ ਨੂੰ ਵਿਸ਼ਵ ਪੱਧਰ 'ਤੇ ਪੇਸ਼ ਕਰਕੇ ਅੰਤਰ-ਸੱਭਿਆਚਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਪ੍ਰਤੀ ਪੰਜਾਬ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਇਸ ਸਬੰਧੀ ਰਾਜ ਭਵਨ, ਪੰਜਾਬ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੂਬੇ ਨੂੰ ਵਿਸ਼ਵ ਪੱਧਰ 'ਤੇ ਸੈਰ-ਸਪਾਟਾ ਹੱਬ ਵਜੋਂ ਵਿਕਸਿਤ ਕਰਨ ਦੇ ਯਤਨਾਂ 'ਤੇ ਜ਼ੋਰ ਦਿੱਤਾ।






ਕੈਬਨਿਟ ਮੰਤਰੀ ਸੌਂਦ ਨੇ ਦੁਨੀਆ ਭਰ ਦੇ ਲੋਕਾਂ ਨੂੰ ਪੰਜਾਬ ਦੀ ਸੁੰਦਰਤਾ, ਵਿਭਿੰਨਤਾ ਅਤੇ ਅਮੀਰ ਸੱਭਿਆਚਾਰਕ ਵਿਰਾਸਤ ਦਾ ਆਨੰਦ ਮਾਨਣ ਦਾ ਸੱਦਾ ਦਿੱਤਾ। ਉਨ੍ਹਾਂ ਸੱਭਿਆਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਕੇ ਪੰਜਾਬ ਦੀ ਸੈਰ-ਸਪਾਟਾ ਸੰਭਾਵਨਾ ਵਿੱਚ ਹੋਰ ਵਾਧਾ ਕਰਨ ਅਤੇ ਇੱਕ ਅਜਿਹਾ ਭਵਿੱਖ ਸਿਰਜਣ 'ਤੇ ਜ਼ੋਰ ਦਿੱਤਾ ਜਿੱਥੇ ਵਿਸ਼ਵ ਪੱਧਰ 'ਤੇ ਆਪਸੀ ਮਿੱਤਰਤਾ ਪ੍ਰਫੁੱਲਤ ਹੋਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਆਪਣੇ ਸੈਰ ਸਪਾਟਾ ਖੇਤਰ ਨੂੰ ਹੁਲਾਰਾ ਦੇਣ ਅਤੇ ਵਿਸ਼ਵ ਭਰ ਦੇ ਸੈਲਾਨੀਆਂ ਨੂੰ ਪੰਜਾਬ ਵੱਲ ਆਕਰਸ਼ਿਤ ਕਰਨ ਲਈ ਅਹਿਮ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਇਹਨਾਂ ਪਹਿਲਕਦਮੀਆਂ ਵਿੱਚ ਨਿਰਵਿਘਨ ਅਤੇ ਆਰਾਮਦਾਇਕ ਯਾਤਰਾ ਦੇ ਅਨੁਭਵ ਨੂੰ ਯਕੀਨੀ ਬਣਾਉਣ ਲਈ ਬੁਨਿਆਦੀ ਢਾਂਚੇ ਦਾ ਵਿਕਾਸ, ਬਿਹਤਰ ਕੁਨੈਕਟੀਵਿਟੀ, ਪੁਖਤਾ ਸੁਰੱਖਿਆ ਉਪਾਅ ਅਤੇ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਸੇਵਾਵਾਂ ਸ਼ਾਮਲ ਹਨ।

ਪੰਜਾਬ ਸਰਕਾਰ ਦੀਆਂ ਇਹਨਾਂ ਯੋਜਨਾ ਵਿੱਚ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਿਰ, ਜਲ੍ਹਿਆਂ ਵਾਲਾ ਬਾਗ ਆਦਿ ਸਥਾਨਾਂ ਨੂੰ ਪ੍ਰਦਰਸ਼ਿਤ ਕਰਨ ਲਈ ਠੋਸ ਯਤਨਾਂ ਜ਼ਰੀਏ ਵਿਰਾਸਤੀ ਪ੍ਰੋਤਸਾਹਨ ਅਤੇ ਵਿਲੇਜ ਸੈਰ-ਸਪਾਟੇ ਰਾਹੀਂ ਪੰਜਾਬ ਦੇ ਹਰੇ-ਭਰੇ ਜਲਗਾਹਾਂ ਅਤੇ ਖ਼ੂਬਸੂਰਤ ਮੈਦਾਨਾਂ ਨੂੰ ਪ੍ਰਦਰਸ਼ਿਤ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ ਵਾਤਾਵਰਨ ਪੱਖੀ ਅਭਿਆਸਾਂ ਅਤੇ ਸਰਗਰਮ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਕੇ ਸੈਰ-ਸਪਾਟੇ ਨੂੰ ਸਥਾਈ ਤੌਰ 'ਤੇ ਹੁਲਾਰਾ ਦੇਣ ਵੱਲ ਵੀ ਧਿਆਨ ਕੇਂਦਰਿਤ ਕੀਤਾ ਗਿਆ ਹੈ।

ਸੌਂਦ ਨੇ ਭਰੋਸਾ ਜਤਾਇਆ ਕਿ ਇਹਨਾਂ ਪਹਿਲਕਦਮੀਆਂ ਸਦਕਾ ਪੰਜਾਬ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੈਲਾਨੀਆਂ ਲਈ ਤਰਜੀਹੀ ਸਥਾਨ ਵਜੋਂ ਉਭਰੇਗਾ ਜੋ ਜੀਵਿੰਤ ਵਿਰਾਸਤ ਦੇ ਨਾਲ ਨਾਲ ਅਧੁਨਿਕਤਾ ਦਾ ਸੁਮੇਲ ਪੇਸ਼ ਕਰਦਾ ਹੈ।

ਕੈਬਨਿਟ ਮੰਤਰੀ ਨੇ ਪੰਜਾਬ ਦੀ ਅਮੀਰ ਵਿਰਾਸਤ ਦਾ ਆਨੰਦ ਮਾਨਣ ਲਈ ਕਜ਼ਾਕਿਸਤਾਨ ਦੇ ਲੋਕਾਂ ਦਾ ਨਿੱਘਾ ਸਵਾਗਤ ਕੀਤਾ। ਉਹਨਾਂ ਕਿਹਾ

## ਆਰਜੀ ਕਰ ਜਬਰ-ਜਨਾਹ ਤੇ ਕਤਲ ਮਾਮਲੇ 'ਚ ਸੰਜੈ ਰਾਏ ਨੂੰ ਕੁਦਰਤੀ ਮੌਤ ਤੱਕ ਉਮਰ ਕੈਦ ਦੀ ਸਜ਼ਾ

ਕੋਲਕਾਤਾ, 20 ਜਨਵਰੀ (ਪ.ਪ.):ਸਿਆਲਦਾਹ ਕੋਰਟ ਨੇ ਸਰਕਾਰੀ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿਚ ਟਰੇਨੀ ਮਹਿਲਾ ਡਾਕਟਰ ਨਾਲ ਜਬਰ-ਜਨਾਹ ਤੇ ਕਤਲ ਮਾਮਲੇ ਵਿਚ ਦੋਸ਼ੀ ਠਹਿਰਾਏ ਸੰਜੈ ਰਾਏ ਨੂੰ ਕੁਦਰਤੀ ਮੌਤ ਤੱਕ ਉਮਰ ਕੈਦ ਦੀ ਸਜ਼ਾ ਸੁਣਾਈ ਹੈ। ਸੀਬੀਆਈ ਨੇ ਹਾਲਾਂਕਿ ਰਾਏ ਲਈ ਮੌਤ ਦੀ ਸਜ਼ਾ ਦੀ ਮੰਗ ਕੀਤੀ ਸੀ। ਕੋਰਟ ਨੇ ਸੂਬਾ ਸਰਕਾਰ ਨੂੰ ਹਦਾਇਤ ਕੀਤੀ ਕਿ ਉਹ ਪੀੜਤ ਮਹਿਲਾ ਡਾਕਟਰ ਦੇ ਪਰਿਵਾਰ ਨੂੰ ਮੁਆਵਜ਼ੇ ਵਜੋਂ 17 ਲੱਖ ਰੁਪਏ ਦੀ ਅਦਾਇਗੀ ਕਰੇ। ਜੱਜ ਅਨਿਰਬਨ ਦਾਸ ਨੇ ਕਿਹਾ ਕਿ ਇਹ ਅਪਰਾਧ 'ਵਿਰਲਿਆਂ 'ਚੋਂ ਵਿਰਲੇ' ਵਰਗ ਵਿਚ ਨਹੀਂ ਆਉਂਦਾ ਜੋ ਦੋਸ਼ੀ ਨੂੰ ਮੌਤ ਦੀ ਸਜ਼ਾ ਨਾ ਦੇਣ ਦਾ ਇਕ ਕਾਰਨ ਹੈ। ਉਧਰ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਕਿਹਾ ਕਿ ਉਹ ਦੋਸ਼ੀ ਨੂੰ ਸੁਣਾਈ ਉਮਰ ਕੈਦ ਦੀ ਸਜ਼ਾ ਤੋਂ 'ਸੰਤੁਸ਼ਟ' ਨਹੀਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਸੂਬਾਈ ਪੁਲੀਸ ਤੋਂ 'ਜ਼ਬਰਦਸਤੀ' ਜਾਂਚ ਖੋਹੀ ਗਈ ਸੀ ਅਤੇ ਜੇ ਜਾਂਚ ਉਨ੍ਹਾਂ ਕੋਲ ਹੁੰਦੀ, ਤਾਂ ਉਹ ਦੋਸ਼ੀ ਲਈ ਮੌਤ ਦੀ ਸਜ਼ਾ ਯਕੀਨੀ ਬਣਾਉਂਦੇ। ਇਸ ਦੌਰਾਨ ਸੰਜੈ ਰਾਏ ਨੂੰ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਮਗਰੋਂ ਉਸ ਦੀ ਮਾਂ ਨੇ ਖ਼ੁਦ ਨੂੰ ਘਰ ਵਿਚ ਹੀ ਬੰਦ ਕਰਦਿਆਂ ਇਸ ਫੈਸਲੇ 'ਤੇ ਟਿੱਪਣੀ ਲਈ ਪੱਤਰਕਾਰਾਂ ਨੂੰ ਮਿਲਣ ਤੋਂ ਇਨਕਾਰ ਕਰ ਦਿੱਤਾ।ਰਾਏ ਉੱਤੇ ਲੱਗੇ ਦੋਸ਼ਾਂ ਤਹਿਤ ਉਸ ਨੂੰ ਘੱਟ ਤੋਂ ਘੱਟ ਉਮਰ ਕੈਦ ਜਾਂ ਫ਼ ?ਰ ਮੌਤ ਦੀ ਸਜ਼ਾ ਸੁਣਾਈ ਜਾਣ ਦੀ ਉਮੀਦ ਸੀ। ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਅਨਿਰਬਨ ਦੀ ਸਿਆਲਦਾਹ ਕੋਰਟ ਨੇ ਸ਼ਨਿੱਚਰਵਾਰ ਨੂੰ ਸੁਣਾਏ ਫੈਸਲੇ ਵਿਚ ਰਾਏ ਨੂੰ ਪੋਸਟਗਰੈਜੂਏਟ ਟਰੇਨੀ ਡਾਕਟਰ ਦੇ ਜਬਰ-ਜਨਾਹ ਤੇ ਕਤਲ ਕੇਸ ਦਾ ਦੋਸ਼ੀ ਕਰਾਰ ਦਿੱਤਾ ਸੀ। ਉਂਝ ਰਾਏ ਨੇ ਅੱਜ ਸਜ਼ਾ ਸੁਣਾਏ ਜਾਣ ਤੋਂ ਠੀਕ ਪਹਿਲਾਂ ਆਪਣੇ ਡਿਫੈਂਸ ਵਿਚ ਕਿਹਾ ਸੀ ਕਿ ਉਹ ਨਿਰਦੋਸ਼ ਹੈ ਤੇ ਉਸ ਨੂੰ ਇਸ ਮਾਮਲੇ ਵਿਚ ਫਸਾਇਆ ਗਿਆ ਹੈ।



## ਪੀ.ਐਸ.ਪੀ.ਸੀ.ਐਲ ਵੱਲੋਂ ਨਵਾਂ ਰਿਕਾਰਡ ਕਾਇਮ, ਬਿਜਲੀ ਸਪਲਾਈ ਵਿੱਚ 13% ਵਾਧਾ ਦਰਜ: ਹਰਭਜਨ ਸਿੰਘ ਈ.ਟੀ.ਓ.

**ਆਜ਼ਾਦ ਸੋਚ ਬਿਊਰੋ**
**ਚੰਡੀਗੜ੍ਹ, 20 ਜਨਵਰੀ**

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਅੱਜ ਇਥੇ ਐਲਾਨ ਕੀਤਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ) ਵੱਲੋਂ 19 ਜਨਵਰੀ, 2025 ਤੱਕ 66914 ਮਿਲੀਅਨ ਯੂਨਿਟਾਂ ਦੀ ਰਿਕਾਰਡ ਬਿਜਲੀ ਸਪਲਾਈ ਕੀਤੀ ਹੈ, ਜੋ ਪਿਛਲੇ ਵਿੱਤੀ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ 13% ਵੱਧ ਹੈ। ਉਨ੍ਹਾਂ ਕਿਹਾ ਕਿ ਇਹ ਮਹੱਤਵਪੂਰਨ ਪ੍ਰਾਪਤੀ ਬਿਜਲੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਪੰਜਾਬ ਦੇ ਲੋਕਾਂ ਅਤੇ ਉਦਯੋਗਾਂ ਦੀਆਂ ਵੱਧ ਰਹੀਆਂ ਬਿਜਲੀ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਪੀ.ਐਸ.ਪੀ.ਸੀ.ਐਲ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਦੱਸਿਆ ਕਿ ਵਿੱਤੀ ਸਾਲ 2024-25 ਦੌਰਾਨ ਬਿਜਲੀ ਦੀ ਸੱਭ ਤੋਂ ਵੱਧ ਮੰਗ 16058 ਮੈਗਾਵਾਟ ਨੂੰ ਪੂਰਾ ਕੀਤਾ ਗਿਆ, ਜੋ ਕਿ ਪਿਛਲੇ ਵਿੱਤੀ ਸਾਲ ਨਾਲੋਂ 5 ਫੀਸਦੀ ਵੱਧ ਹੈ। ਬਿਜਲੀ ਮੰਤਰੀ ਨੇ ਕਿਹਾ ਕਿ ਪੀ.ਐਸ.ਪੀ.ਸੀ.ਐਲ ਨੇ ਪੰਜਾਬ ਦੇ ਸਾਰੇ ਵਰਗਾਂ ਦੇ ਖਪਤਕਾਰਾਂ ਨੂੰ ਬਿਨਾਂ ਕਿਸੇ ਬਿਜਲੀ ਕੱਟ ਦੇ ਨਿਰਵਿਘਨ ਬਿਜਲੀ ਸਪਲਾਈ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਪੀ.ਐਸ.ਪੀ.ਸੀ.ਐਲ ਦੁਆਰਾ ਕੀਤੇ ਢੁਕਵੇਂ ਪ੍ਰਬੰਧਾਂ ਦੇ ਕਾਰਨ ਸੰਭਵ ਹੋ ਸਕੀ, ਜੋ ਭਰੋਸੇਯੋਗ ਬਿਜਲੀ ਸਪਲਾਈ ਪ੍ਰਦਾਨ ਕਰਨ ਲਈ ਨਿਗਮ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। .



**ਪਛਵਾੜਾ ਕੋਲ ਖਾਣ ਦੇ ਮਹੱਤਵਪੂਰਨ ਯੋਗਦਾਨ ਸਦਕਾ ਕੋਲੇ ਦੀ ਢੁਕਵੀਂ ਸਪਲਾਈ ਹੋਈ ਯਕੀਨੀ**

ਕੋਲੇ ਦੀ ਉਪਲਬਧਤਾ ਬਾਰੇ ਬਿਜਲੀ ਮੰਤਰੀ ਨੇ ਦੱਸਿਆ ਕਿ ਪੀ.ਐਸ.ਪੀ.ਸੀ.ਐਲ ਨਿਯਮਤ ਅਤੇ ਲੋੜੀਂਦੀ ਸਪਲਾਈ ਨੂੰ ਯਕੀਨੀ ਬਣਾ ਰਿਹਾ ਹੈ, ਜਿਸ ਦੇ ਨਤੀਜੇ ਵਜੋਂ ਤਿੰਨੋਂ ਸਰਕਾਰੀ ਥਰਮਲ ਪਲਾਂਟਾਂ ਵਿੱਚ ਸਟਾਕ ਦਾ ਚੰਗਾ ਪ੍ਰਬੰਧ ਹੈ। ਉਨ੍ਹਾਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਥਰਮਲ ਪਲਾਂਟ ਰੋਪੜ ਲਈ ਮੌਜੂਦਾ ਸਟਾਕ ਪੱਧਰ 42 ਦਿਨ, ਗੁਰੂ ਹਰਗੋਬਿੰਦ ਥਰਮਲ ਪਲਾਂਟ ਲਹਿਰਾ ਮੁਹੱਬਤ ਲਈ 28 ਦਿਨ ਅਤੇ ਗੁਰੂ ਅਮਰਦਾਸ ਥਰਮਲ ਪਲਾਂਟ ਗੋਇੰਦਵਾਲ ਸਾਹਿਬ ਲਈ 40 ਦਿਨ ਹੈ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਲੋੜ ਅਨੁਸਾਰ ਕੋਲੇ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰ ਰਿਹਾ ਹੈ।

ਬਿਜਲੀ ਮੰਤਰੀ ਨੇ ਦੱਸਿਆ ਕਿ ਪਛਵਾੜਾ ਕੋਲਾ ਖਾਣ ਚੰਗੀ-ਗੁਣਵੱਤਾ ਵਾਲੇ ਕੋਲੇ ਦੀ ਨਿਰੰਤਰ ਸਪਲਾਈ ਪ੍ਰਦਾਨ ਕਰਦਿਆਂ ਰਾਜ ਦੇ ਬਿਜਲੀ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸਾਲ 2024-25 ਦੌਰਾਨ 19 ਜਨਵਰੀ, 2025 ਤੱਕ ਇਸ ਖਾਣ ਤੋਂ 1306 ਰੈਕਾਂ ਰਾਹੀਂ 56 ਲੱਖ ਟਨ ਕੋਲੇ ਦੀ ਸਪਲਾਈ ਕੀਤੀ ਗਈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਸਤੀਆਂ ਦਰਾਂ 'ਤੇ ਨਿਰੰਤਰ, ਉੱਚ-ਗੁਣਵੱਤਾ ਵਾਲੀ ਬਿਜਲੀ ਪ੍ਰਦਾਨ ਕਰਨ ਦੀ ਵਚਨਬੱਧਤਾ ਦੁਹਰਾਉਂਦਿਆਂ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ ਨੇ ਕਿਹਾ ਕਿ ਪੀ.ਐੱਸ.ਪੀ.ਸੀ.ਐੱਲ. ਪੰਜਾਬ ਦੇ ਲੋਕਾਂ ਅਤੇ ਉਦਯੋਗਾਂ ਦੀਆਂ ਵਧਦੀਆਂ ਬਿਜਲੀ ਦੀਆਂ ਮੰਗਾਂ ਨੂੰ ਪੂਰਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ ਅਤੇ ਇਸ ਸਬੰਧੀ ਲੋੜੀਂਦੇ ਪ੍ਰਬੰਧ ਲਗਾਤਾਰ ਮਜ਼ਬੂਤੀ ਨਾਲ ਕੀਤੇ ਜਾਂਦੇ ਹਨ।

## ਐਡਵੋਕੇਟ ਧਾਮੀ ਨੇ ਅਮਰੀਕ ਸਿੰਘ ਅਜਨਾਲਾ ਵੱਲੋਂ ਜਥੇਦਾਰ ਸਾਹਿਬਾਨ ਵਿਰੁੱਧ ਬਿਆਨਬਾਜ਼ੀ ਦੀ ਕੀਤੀ ਨਿਖੇਧੀ

### ਹਰਿਆਣਾ ਕਮੇਟੀ ਦੇ ਨਤੀਜਿਆਂ ਨੇ ਸਰਕਾਰੀ ਹੱਥਠੋਕਿਆਂ ਨੂੰ ਦਖਾਇਆ ਸ਼ੀਸ਼ਾ: ਐਡਵੋਕੇਟ ਧਾਮੀ

**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 20 ਜਨਵਰੀ**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ. ਅਮਰੀਕ ਸਿੰਘ ਅਜਨਾਲਾ ਵੱਲੋਂ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਦੇ ਪੁਤਲੇ ਸਾੜਨ ਅਤੇ ਉਨ੍ਹਾਂ ਵਿਰੁੱਧ ਬਿਆਨਬਾਜ਼ੀ ਕਰਨ ਦੀ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਤਖ਼ਤਾਂ ਦੇ ਜਥੇਦਾਰਾਂ ਦਾ ਸਿੱਖ ਕੌਮ ਅੰਦਰ ਵੱਡਾ ਸਤਿਕਾਰ ਹੈ ਅਤੇ ਕਿਸੇ ਵੀ ਵਿਅਕਤੀ ਨੂੰ ਉਨ੍ਹਾਂ ਪ੍ਰਤੀ ਗਲਤ ਬਿਆਨਬਾਜ਼ੀ ਕਰਨ ਤੋਂ ਪਹਿਲਾਂ ਜ਼ਰੂਰ ਸੋਚਣਾ ਚਾਹੀਦਾ ਹੈ। ਇਹ ਹਰਗਿਜ਼ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ ਕਿ ਕੌਮ ਦੇ ਸਰਵਉੱਚ ਅਸਥਾਨ ਅਤੇ ਕੌਮ ਦੀਆਂ ਸਨਮਾਨਿਤ ਸ਼ਖ਼ਸੀਅਤਾਂ ਦਾ ਕੋਈ ਨਿਰਾਦਰ ਕਰੇ।ਇਸੇ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੀਆਂ ਆਮ ਚੋਣਾਂ ਦੇ ਆਏ ਨਤੀਜਿਆਂ 'ਤੇ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਕਿਹਾ ਕਿ ਇਹ ਨਤੀਜੇ ਸਰਕਾਰਾਂ ਦੇ ਹੱਥਾਂ ਵਿਚ ਖੇਡ ਰਹੇ ਲੋਕਾਂ ਨੂੰ ਸੰਗਤ ਵੱਲੋਂ ਦਿਖਾਇਆ ਗਿਆ ਸ਼ੀਸ਼ਾ ਹੈ।ਉਨ੍ਹਾਂ ਆਖਿਆ ਕਿ ਸ. ਬਲਜੀਤ ਸਿੰਘ ਦਾਦੂਵਾਲ ਸਮੇਤ ਸਰਕਾਰੀ ਕਮੇਟੀ ਦੇ ਅਹੁਦੇਦਾਰ ਅਤੇ ਮੈਂਬਰਾਂ ਨੂੰ ਸੰਗਤ ਵੱਲੋਂ ਨਕਾਰਿਆ ਜਾਣਾ ਇਸ ਗੱਲ ਦਾ ਪ੍ਰਤੀਕ ਹੈ ਕਿ ਗੁਰੂ ਦੇ ਸਿੱਖ ਕਦੇ ਵੀ ਗੁਰਧਾਮਾਂ ਦੇ ਪ੍ਰਬੰਧ ਅੰਦਰ ਸਰਕਾਰੀ ਦਖ਼ਲਅੰਦਾਜ਼ੀ ਬਰਦਾਸ਼ਤ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਭਾਵੇਂ ਸ਼ ?ਰੋਮਣੀ ਕਮੇਟੀ ਵੱਖਰੀ ਹਰਿਆਣਾ ਕਮੇਟੀ ਦੇ ਹੱਕ ਵਿਚ ਨਹੀਂ ਹੈ, ਪਰੰਤੂ ਫਿਰ ਵੀ ਸੰਗਤ ਨੇ ਜਿਨ੍ਹਾਂ ਨੂੰ ਮੈਂਬਰ ਚੁਣਿਆ ਉਨ੍ਹਾਂ ਦੀ ਜ਼ੁੰਮੇਵਾਰੀ ਬਣਦੀ ਹੈ ਕਿ ਸਿੱਖ ਸਿਧਾਂਤਾਂ, ਪੰਥਕ ਮਾਨਤਾਵਾਂ ਅਤੇ ਗੁਰਦੁਆਰਾ ਪ੍ਰਬੰਧ ਦੀ ਪੰਥਕ ਭਾਵਨਾਵਾਂ ਅਨੁਸਾਰ ਸੇਵਾ ਸੰਭਾਲ ਲਈ ਦ੍ਰਿੜਤਾ ਨਾਲ ਵਚਨਬੱਧ ਹੋਣ।



**ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਨਾਲ ਅਦਾਲਤਾਂ ਵਿੱਚ ਚੱਲ ਰਹੇ ਕੇਸ ਦਾ ਮਾਮਲਾ**

## ਦਿੱਲੀ ਕਮੇਟੀ ਦੀਆਂ ਜਾਇਦਾਦਾਂ ਵੇਚਣ ਬਾਰੇ ਪਟੀਸ਼ਨ 'ਤੇ ਸਰਨਾ ਤੇ ਜੀ.ਕੇ ਦੀ ਚੁੱਪੀ ਕੌਮ ਦੀ ਪਿੱਠ 'ਚ ਛੁਰਾ ਮਾਰਨ ਬਰਾਬਰ: ਕਾਲਕਾ, ਕਾਹਲੋਂ




**ਆਜ਼ਾਦ ਸੋਚ**
**ਸੁਖਰਾਜ ਸਿੰਘ/ਨਵੀਂ ਦਿੱਲੀ, 20 ਜਨਵਰੀ**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਦਿੱਲੀ ਕਮੇਟੀ ਦੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਨਾਲ ਅਦਾਲਤਾਂ ਵਿੱਚ ਚੱਲ ਰਹੇ ਕੇਸ ਵਿਚ ਦਿੱਲੀ ਕਮੇਟੀ ਦੀਆਂ ਜਾਇਦਾਦਾਂ ਵੇਚਣ ਲਈ ਲਾਈ ਪਟੀਸ਼ਨ 'ਤੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਵੱਲੋਂ ਵੱਟੀ ਗਈ ਚੁੱਪ ਕੌਮ ਦੀ ਪਿੱਠ ਵਿਚ ਛੁਰਾ ਮਾਰਨ ਵਾਲੀ ਗੱਲ ਹੈ।ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ. ਕਾਲਕਾ ਤੇ ਸ. ਕਾਹਲੋਂ ਨੇ ਦੱਸਿਆ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦੇ ਤਨਖਾਹ ਕਮਿਸ਼ਨ ਦੇ ਬਕਾਏ ਨੂੰ ਲੈ ਕੇ ਅਦਾਲਤਾਂ ਵਿਚ ਕੇਸ ਲੰਬੇ ਸਮੇਂ ਤੋਂ ਚੱਲ ਰਹੇ ਹਨ ਜੋ ਅਸਲ ਵਿਚ ਸ. ਸਰਨਾ ਤੇ ਸ. ਜੀ.ਕੇ. ਦੀ ਦੇਣ ਹਨ।ਉਹਨਾਂ ਦੱਸਿਆ ਕਿ ਪਟੀਸ਼ਨਰਾਂ ਦੇ ਵਕੀਲ ਨੇ ਨਵੰਬਰ ਮਹੀਨੇ ਵਿਚ ਅਦਾਲਤ ਵਿਚ ਇਕ ਅਰਜ਼ੀ ਲਗਾਈ ਸੀ ਕਿ ਕਮੇਟੀ ਦੀਆਂ ਜਾਇਦਾਦਾਂ ਵੇਚ ਕੇ ਮੁਲਾਜ਼ਮਾਂ ਦੇ ਬਕਾਏ ਦਿੱਤੇ ਜਾਣ, ਜਿਸ ਦਾ ਕਮੇਟੀ ਦੀ ਮੌਜੂਦਾ ਪ੍ਰਬੰਧਕ ਕਮੇਟੀ ਨੇ ਜ਼ੋਰਦਾਰ ਵਿਰੋਧ ਕੀਤਾ ਤੇ ਇਸ ਬਾਰੇ ਬਕਾਇਦਾ ਹਲਫੀਆ ਬਿਆਨ ਦਾਇਰ ਕਰ ਕੇ ਅਦਾਲਤ ਵਿਚ ਇਸ ਦਾ ਵਿਰੋਧ ਕੀਤਾ।

ਸ. ਕਾਲਕਾ ਤੇ ਸ. ਕਾਹਲੋਂ ਨੇ ਕਿਹਾ ਕਿ ਅਦਾਲਤ ਨੇ ਪਿਛਲੇ ਪ੍ਰਬੰਧਕਾਂ ਤੋਂ ਵੀ ਮਾਮਲੇ ਵਿਚ ਜਵਾਬ ਮੰਗਿਆ ਸੀ ਜਿਸ ਦੇ ਜਵਾਬ ਵਿਚ ਸਾਬਕਾ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਨੇ ਆਪਣੇ ਵੱਲੋਂ ਦਾਇਰ ਹਲਫੀਆ ਬਿਆਨ ਵਿਚ ਕਮੇਟੀ ਦੀਆਂ ਜਾਇਦਾਦਾਂ ਵੇਚਣ ਦਾ ਵਿਰੋਧ ਤਾਂ ਕਰ ਦਿੱਤਾ ਹੈ ਪਰ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਨੇ ਮਾਮਲੇ ਵਿੱਚ ਚੁੱਪ ਵੱਟ ਲਈ ਹੈ।ਉਹਨਾਂ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਨੇ ਵੀ ਅਦਾਲਤ ਵਿਚ ਸਪਸ਼ਟ ਕੀਤਾ ਹੈ ਕਿ ਕਮੇਟੀ ਦੀਆਂ ਜਾਇਦਾਦਾਂ ਅਸਲ ਵਿਚ ਕੌਮ ਦੀਆਂ ਜਾਇਦਾਦਾਂ ਹਨ ਜਿਸ ਨੂੰ ਵੇਚਣ ਦਾ ਕਿਸੇ ਨੂੰ ਕੋਈ ਹੱਕ ਨਹੀਂ ਹੈ।ਸ. ਕਾਲਕਾ ਤੇ ਸ. ਕਾਹਲੋਂ ਕਿਹਾ ਕਿ ਮੌਜੂਦਾ ਟੀਮ ਨੇ ਮੁਲਾਜ਼ਮਾਂ ਦੇ ਬਕਾਏ ਲਈ ਰਿਕਾਰਡ ਪੈਸਾ ਜਾਰੀ ਹੈ ਜਦੋਂ ਕਿ ਸ. ਸਰਨਾ ਤੇ ਸ. ਜੀ.ਕੇ. ਆਪਣੇ ਸਮੇਂ ਵਿਚ ਇਹ ਜ਼ਿੰਮੇਵਾਰੀ ਸੁਚੱਜੇ ਢੰਗ ਨਾਲ ਨਹੀਂ ਨਿਭਾ ਸਕੇ ਸਨ।ਉਹਨਾਂ ਕਿਹਾ ਕਿ ਕਮੇਟੀ ਦੀ ਮੌਜੂਦਾ ਟੀਮ ਕੌਮ ਦੀਆਂ ਜਾਇਦਾਦਾਂ ਦੀ ਰਾਖੀ ਵਾਸਤੇ ਵਚਨਬੱਧ ਹੈ ਤੇ ਇਸ ਵਾਸਤੇ ਜੋ ਕਦਮ ਲੋੜੀਂਦਾ ਹੋਇਆ ਚੁੱਕਿਆ ਜਾਵੇਗਾ।